# ਹੈਪੇਟਾਈਟਸ ਏ ਵੈਕਸੀਨ
## Hepatitis A Vaccine

ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

### ਹੈਪੇਟਾਈਟਸ ਏ ਵੈਕਸੀਨ ਕੀ ਹੈ?

ਹੈਪੇਟਾਈਟਸ ਏ ਵੈਕਸੀਨ ਹੈਪੇਟਾਈਟਸ ਏ ਵਾਇਰਸ ਦੇ ਵਿਰੁੱਧ ਰੱਖਿਆ ਕਰਦੀ ਹੈ।ਇਹ ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

### ਹੈਪੇਟਾਈਟਸ ਏ ਵੈਕਸੀਨ ਕਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ?

ਹੈਪੇਟਾਈਟਸ ਏ ਵੈਕਸੀਨ 6 ਮਹੀਨੇ ਜਾਂ ਇਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਦਿੱਤੀ ਜਾਂਦੀ ਹੈ।ਇਹ ਆਮ ਤੌਰ 'ਤੇ ਘੱਟੋ-ਘੱਟ 6 ਮਹੀਨਿਆਂ ਦੇ ਅੰਤਰਾਲ 'ਤੇ 2 ਖੁਰਾਕਾਂ ਦੀ ਲੜੀ ਵਜੋਂ ਦਿੱਤੀ ਜਾਂਦੀ ਹੈ।

ਹੈਪੇਟਾਈਟਸ ਏ ਵੈਕਸੀਨ 6 ਮਹੀਨੇ ਤੋਂ 18 ਸਾਲ ਤੱਕ ਦੇ ਇੰਡਿਜਿਨਸ ਬੱਚਿਆਂ ਅਤੇ ਨੌਜਵਾਨਾਂ ਨੂੰ ਮੁਫਤ ਦਿੱਤੀ ਜਾਂਦੀ ਹੈ।

ਵੈਕਸੀਨ ਇਨਫੈਕਸ਼ਨ ਜਾਂ ਗੰਭੀਰ ਬੀਮਾਰੀ ਦੇ ਉੱਚ ਖਤਰੇ ਵਾਲੇ ਲੋਕਾਂ ਨੂੰ ਵੀ ਮੁਫਤ ਦਿੱਤੀ ਜਾਂਦੀ ਹੈ, ਜਿਸ ਵਿੱਚ ਸ਼ਾਮਲ ਹਨ:

- ਜਿਨ੍ਹਾਂ ਨੂੰ ਹੀਮੋਫਿਲਿਆ ਹੈ ਜਾਂ ਜਿਨ੍ਹਾਂ ਨੂੰ ਖੂਨ ਜਾਂ ਖੂਨ ਦੇ ਉਤਪਾਦ ਵਾਰ-ਵਾਰ ਚੜਦੇ ਹਨ
- ਜਿਹੜੇ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦਾ ਟੀਕਾ ਲਗਾਉਂਦੇ ਹਨ ਜਾਂ ਨਸ਼ੀਲੇ ਪਦਾਰਥਾਂ ਨੂੰ ਸਾਹ ਰਾਹੀਂ ਲੈਣ ਵਾਲੇ, ਸਿਗਰਟਨੋਸ਼ੀ, ਜਾਂ ਟੀਕੇ ਲਗਾਉਣ ਵਾਲੇ ਉਪਕਰਣਾਂ ਨੂੰ ਸਾਂਝਾ ਕਰਦੇ ਹਨ
- ਜਿਹੜੇ ਮਰਦ ਦੂਜੇ ਮਰਦਾਂ ਨਾਲ ਸੈਕਸ ਕਰਦੇ ਹਨ
- ਜਿਨ੍ਹਾਂ ਨੂੰ ਐੱਚਆਈਵੀ, ਹੈਪੇਟਾਈਟਸ ਬੀ ਜਾਂ ਹੈਪੇਟਾਈਟਸ ਸੀ ਦੀ ਲਾਗ, ਜਾਂ ਪੁਰਾਣੀ ਜਿਗਰ ਦੀ ਬਿਮਾਰੀ ਹੈ
- ਜਿਨ੍ਹਾਂ ਦਾ ਸਟੈਮ ਸੈੱਲ ਟ੍ਰਾਂਸਪਲਾਂਟ ਹੋਇਆ ਸੀ
- ਜਿਨ੍ਹਾਂ ਦਾ ਲਿਵਰ ਟ੍ਰਾਂਸਪਲਾਂਟ ਹੋਵੇਗਾ ਜਾਂ ਹੋਇਆ ਸੀ
- ਸੁਧਾਰਾਤਮਕ ਸਹੂਲਤ ਦੇ ਕੈਦੀ
- ਉਹ ਜਿਹੜੇ ਹੈਪੇਟਾਈਟਸ ਏ ਵਾਇਰਸ ਨਾਲ ਸੰਕਰਮਿਤ ਵਿਅਕਤੀਆਂ ਦੇ ਨਜ਼ਦੀਕੀ ਸੰਪਰਕ ਵਿੱਚ ਹਨ
- ਜਿਨ੍ਹਾਂ ਨੇ ਹੈਪੇਟਾਈਟਸ ਏ ਦੀ ਲਾਗ ਵਾਲੇ ਫੂਡ ਹੈਂਡਲਰ ਦੁਆਰਾ ਤਿਆਰ ਕੀਤਾ ਗਿਆ ਭੋਜਨ ਖਾਧਾ ਹੈ

HIV ਵਾਲੇ ਵਿਅਕਤੀਆਂ ਨੂੰ ਵੈਕਸੀਨ ਦੀਆਂ 3 ਖੁਰਾਕਾਂ ਮਿਲਣੀਆਂ ਚਾਹੀਦੀਆਂ ਹਨ।ਦੂਜੀ ਖੁਰਾਕ ਪਹਿਲੀ ਖੁਰਾਕ ਤੋਂ 1 ਮਹੀਨੇ ਬਾਅਦ ਦਿੱਤੀ ਜਾਂਦੀ ਹੈ।ਤੀਜੀ ਖੁਰਾਕ 5 ਮਹੀਨਿਆਂ ਬਾਅਦ ਦਿੱਤੀ ਜਾਂਦੀ ਹੈ।

ਜੇਕਰ ਤੁਹਾਡਾ ਹੈਪੇਟਾਈਟਸ ਏ ਨਾਲ ਸੰਪਰਕ ਹੋਇਆ ਹੋ ਸਕਦਾ ਹੈ, ਤਾਂ ਤੁਹਾਨੂੰ ਬਿਮਾਰੀ ਨੂੰ ਰੋਕਣ ਲਈ ਸੰਪਰਕ ਦੇ 14 ਦਿਨਾਂ ਦੇ ਅੰਦਰ ਵੈਕਸੀਨ ਦੀ 1 ਖੁਰਾਕ ਲੈਣੀ ਚਾਹੀਦੀ ਹੈ।ਇਹ ਮੁਫਤ ਪ੍ਰਦਾਨ ਕੀਤੀ ਜਾਂਦੀ ਹੈ।

ਹੈਪੇਟਾਈਟਸ ਏ ਵਾਇਰਸ ਦੇ ਸੰਪਰਕ ਵਿੱਚ ਆਉਣ ਜਾਂ ਫੈਲਣ ਦੀ ਸੰਭਾਵਨਾ ਵਾਲੇ ਲੋਕਾਂ ਲਈ ਵੀ ਵੈਕਸੀਨ ਦੀ ਸਿਫ਼ਾਰਸ਼ ਕੀਤੀ ਜਾਂਦੀ ਹੈ, ਪਰ ਮੁਫ਼ਤ ਨਹੀਂ ਦਿੱਤੀ ਜਾਂਦੀ, ਜਿਸ ਵਿੱਚ ਸ਼ਾਮਲ ਹਨ:

- ਜਿਹੜੇ ਅਜਿਹੇ ਦੇਸ਼ਾਂ ਵਿੱਚ ਰਹਿਣਗੇ, ਕੰਮ ਕਰਨਗੇ ਜਾਂ ਯਾਤਰਾ ਕਰਨਗੇ, ਖਾਸ ਤੌਰ 'ਤੇ ਪੇਂਡੂ ਖੇਤਰਾਂ ਵਿੱਚ, ਜਿੱਥੇ ਹੈਪੇਟਾਈਟਸ ਏ ਆਮ ਹੈ
- ਉਨ੍ਹਾਂ ਦੇਸ਼ਾਂ ਤੋਂ ਪ੍ਰਵਾਸੀ ਜਿੱਥੇ ਹੈਪੇਟਾਈਟਸ ਏ ਆਮ ਹੈ
- ਉਨ੍ਹਾਂ ਦੇਸ਼ਾਂ ਤੋਂ ਗੋਦ ਲਏ ਬੱਚਿਆਂ ਦੇ ਘਰੇਲੂ ਜਾਂ ਨਜ਼ਦੀਕੀ ਸੰਪਰਕ ਜਿੱਥੇ ਹੈਪੇਟਾਈਟਸ ਏ ਆਮ ਹੈ
- ਭੋਜਨ ਸੰਭਾਲਣ ਵਾਲੇ
- ਜਿਨ੍ਹਾਂ ਦੇ ਮਲਟੀਪਲ ਸੈਕਸ ਪਾਰਟਨਰ ਹਨ
- ਵਿਕਾਸ ਸੰਬੰਧੀ ਚੁਣੌਤੀਆਂ ਵਾਲੇ ਲੋਕਾਂ ਦੀ ਦੇਖਭਾਲ ਕਰਨ ਵਾਲੀਆਂ ਸੰਸਥਾਵਾਂ ਦੇ ਨਿਵਾਸੀ ਅਤੇ ਸਟਾਫ ਜਿੱਥੇ ਹੈਪੇਟਾਈਟਸ ਏ ਦੀ ਲਾਗ ਚੱਲ ਰਹੀ ਹੈ
- ਚਿੜੀਆਘਰ ਦੇ ਰੱਖਿਅਕ, ਪਸ਼ੂਆਂ ਦੇ ਡਾਕਟਰ ਅਤੇ ਖੋਜਕਰਤਾ ਜੋ ਗੈਰ-ਮਨੁੱਖੀ ਪ੍ਰਾਈਮੇਟਸ ਨੂੰ ਸੰਭਾਲਦੇ ਹਨ
- ਹੈਪੇਟਾਈਟਸ ਏ ਵਾਇਰਸ, ਜਾਂ ਹੈਪੇਟਾਈਟਸ ਏ ਵੈਕਸੀਨ ਦੇ ਉਤਪਾਦਨ 'ਤੇ ਖੋਜ ਵਿੱਚ ਸ਼ਾਮਲ ਲੋਕ

ਪ੍ਰਾਪਤ ਕੀਤੇ ਗਏ ਸਾਰੇ ਟੀਕਾਕਰਨ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

### ਹੈਪੇਟਾਈਟਸ ਏ ਵੈਕਸੀਨ ਦੇ ਕੀ ਲਾਭ ਹਨ?

ਵੈਕਸੀਨ ਹੈਪੇਟਾਈਟਸ ਏ ਦੀ ਲਾਗ ਤੋਂ ਬਚਾਉਣ ਦਾ ਸਭ ਤੋਂ ਵਧੀਆ ਤਰੀਕਾ ਹੈ।ਜਦੋਂ ਤੁਸੀਂ ਟੀਕਾਕਰਣ ਕਰਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

### ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ।ਵੈਕਸੀਨ ਲਗਵਾਉਣਾ ਹੈਪੇਟਾਈਟਸ ਏ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।

ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਸੋਜ ਜਾਂ ਲਾਲੀ ਸ਼ਾਮਲ ਹੋ ਸਕਦੇ ਹਨ।ਵੈਕਸੀਨ ਲਗਵਾਉਣ ਤੋਂ ਬਾਅਦ ਸਿਰਦਰਦ, ਥਕਾਵਟ, ਬੁਖਾਰ, ਮਤਲੀ, ਉਲਟੀਆਂ ਅਤੇ ਦਸਤ ਵੀ ਹੋ ਸਕਦੇ ਹਨ।ਇਹਪ੍ਰਤੀਕਰਮ ਹਲਕੇ ਹੁੰਦੇ ਹਨ ਅਤੇ ਆਮ ਤੌਰ 'ਤੇ 1

ਤੋਂ 2 ਦਿਨਾਂ ਤੱਕ ਰਹਿੰਦੇ ਹਨ।

> ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen) (ਉਦਹਾਰਣ ਲਈ ਐਡਵਿਲ (ਅਦਵਲਿ)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ।ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ ਹੋ ਸਕਦੀ ਹੈ। ਵੈਕਸੀਨ ਲੈਣ ਵਾਲੇ 10 ਲੱਖ ਲੋਕਾਂ ਵਿੱਚੋਂ 1 ਤੋਂ ਵੀ ਘੱਟ ਲੋਕਾਂ ਵਿੱਚ ਅਜਿਹਾ ਹੁੰਦਾ ਹੈ।ਲੱਛਣਾਂ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ।ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਲਗਾਉਣਾ ਅਤੇ ਐਂਬੁਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ।ਜੇ ਅਜਿਹੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ ਜੇਕਰ ਤੁਹਾਨੂੰ ਹੈਪੇਟਾਈਟਸ ਏ ਵੈਕਸੀਨ ਦੀ ਪਿਛਲੀ ਖੁਰਾਕ, ਜਾਂ ਨਿਓਮਾਈਸਿਨ ਸਮੇਤ ਵੈਕਸੀਨ ਦੇ ਕਿਸੇ ਹਿੱਸੇ, ਜਾਂ ਲੈਟੇਕਸ ਪ੍ਰਤੀ ਜਾਨਲੇਵਾ ਪ੍ਰਤੀਕ੍ਰਿਆ ਹੋਈ ਹੈ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬੀਮਾਰੀ ਕਰਕੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ।

## ਹੈਪੇਟਾਈਟਸ ਏ ਕੀ ਹੈ?

ਹੈਪੇਟਾਈਟਸ ਏ ਇਕ ਅਜਿਹਾ ਵਾਇਰਸ ਹੈ ਜੋ ਜਿਗਰ ਤੇ ਹਮਲਾ ਕਰਦਾ ਹੈ।ਹੈਪੇਟਾਈਟਸ ਏ ਦੇ ਲੱਛਣਾਂ ਵਿੱਚ ਥਕਾਵਟ, ਬੁਖਾਰ, ਮਤਲੀ ਅਤੇ ਉਲਟੀਆਂ, ਭੁੱਖ ਨਾ ਲੱਗਣਾ, ਪੇਟ ਵਿੱਚ ਦਰਦ, ਗੂੜ੍ਹਾ ਪਿਸ਼ਾਬ, ਫਿੱਕੀ ਟੱਟੀ ਅਤੇ ਪੀਲੀਆ (ਚਮੜੀ ਅਤੇ ਅੱਖਾਂ ਦਾ ਪੀਲਾ ਹੋਣਾ) ਸ਼ਾਮਲ ਹੋ ਸਕਦੇ ਹਨ। ਕੁਝ ਲੋਕਾਂ ਵਿੱਚ, ਖਾਸ ਕਰਕੇ ਛੋਟੇ ਬੱਚਿਆਂ ਵਿੱਚ ਹੋ ਸਕਦਾ ਹੈ ਕੋਈ ਲੱਛਣ ਨਾ ਹੋਣ। ਹੈਪੇਟਾਈਟਸ ਏ ਦੀ ਲਾਗ ਨਾਲ ਵਿਰਲੇ ਹੀ ਮੌਤ ਹੁੰਦੀ ਹੈ; ਵਾਇਰਸ ਨਾਲ ਸੰਕਰਮਿਤ 200 ਵਿੱਚੋਂ 1 ਲਗਭਗ ਵਿਅਕਤੀ ਮਰ ਜਾਵੇਗਾ। 50 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਲੋਕਾਂ ਵਿੱਚ ਹੈਪੇਟਾਈਟਸ ਏ ਦੀ ਲਾਗ ਨਾਲ ਮਰਨ ਦਾ ਜੋਖਮ ਵੱਧ ਹੁੰਦਾ ਹੈ।

## ਹੈਪੇਟਾਈਟਸ ਏ ਕਿਵੇਂ ਫੈਲਦਾ ਹੈ?

ਹੈਪੇਟਾਈਟਸ ਏ ਵਾਇਰਸ ਸੰਕਰਮਿਤ ਵਿਅਕਤੀਆਂ ਦੀਆਂ ਅੰਤੜੀਆਂ ਦੀਆਂ ਗਤੀਵਿਧੀਆਂ (ਸਟੂਲ) ਵਿੱਚ ਪਾਇਆ ਜਾਂਦਾ ਹੈ। ਇਹ ਕਿਸੇ ਲਾਗ ਵਾਲੇ ਵਿਅਕਤੀ ਦੇ ਨਜ਼ਦੀਕੀ ਸੰਪਰਕ ਦੁਆਰਾ, ਦੂਸ਼ਿਤ ਪਾਣੀ ਪੀਣ ਨਾਲ, ਜਾਂ ਸੀਵਰੇਜ ਨਾਲ ਦੂਸ਼ਿਤ ਕੱਚੀ ਜਾਂ ਘੱਟ ਪਕਾਈ ਸ਼ੈਲਫਿਸ਼ ਖਾਣ ਦੁਆਰਾ ਫੈਲ ਸਕਦਾ ਹੈ।ਹੈਪੇਟਾਈਟਸ ਏ ਦੀ ਲਾਗ ਵਾਲੇ ਲੋਕ ਜੋ ਸਹੀ ਢੰਗ ਨਾਲ ਹੱਥ ਧੋਣ ਤੋਂ ਬਿਨਾਂ ਬਾਥਰੂਮ ਦੀ ਵਰਤੋਂ ਕਰਦੇ ਹਨ, ਉਹ ਭੋਜਨ ਤਿਆਰ ਕਰਨ ਜਾਂ ਹੱਥ-ਮੂੰਹ ਦੇ ਸੰਪਰਕ ਰਾਹੀਂ ਦੂਜਿਆਂ ਨੂੰ ਵਾਇਰਸ ਦੇ ਸਕਦੇ ਹਨ। ਇਹ ਬਿਮਾਰੀ ਜਿਨਸੀ ਸੰਪਰਕ, ਜਾਂ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦੀ ਵਰਤੋਂ ਵਿੱਚ ਵਰਤੇ ਜਾਣ ਵਾਲੇ ਉਪਕਰਣਾਂ, ਜਿਵੇਂ ਕਿ ਸੂਈਆਂ ਜਾਂ ਪਾਈਪਾਂ ਨੂੰ ਸਾਂਝਾ ਕਰਨ ਦੁਆਰਾ ਵੀ ਫੈਲ ਸਕਦੀ ਹੈ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ।19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ।ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

ਇਮਿਊਨਾਈਜ਼ੇਸ਼ਨ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਇਮਿਊਨਾਈਜ਼ ਬੀ.ਸੀ. ਦੀ ਇਹ ਵੈੱਬਸਾਈਟ https://immunizebc.ca ਦੇਖੋ।

BRITISH COLUMBIA ImmunizeBC

BC Centre for Disease Control
Provincial Health Services Authority